# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 10-10-2023**

'ਆਯੁਸ਼ਮਾਨ ਭਵ' ਮੁਹਿੰਮ ਤਹਿਤ, ਇੱਕ ਮਹੀਨੇ ਤੋਂ ਵੀ ਘੱਟ ਸਮੇਂ ਵਿੱਚ 3 ਲੱਖ ਤੋਂ ਵੱਧ ਬਲੱਡ ਯੂਨਿਟ ਇਕੱਠੇ ਕੀਤੇ ਜਾ ਚੁੱਕੇ ਨੇ।

ਇਹ ਮੁਹਿੰਮ 17 ਸਤੰਬਰ ਤੋਂ 2 ਅਕਤੂਬਰ ਤੱਕ, ਸੇਵਾ ਪੰਦਰਵਾੜੇ ਦੌਰਾਨ ਚਲਾਈ ਗਈ। ਸਿਹਤ ਮੰਤਰੀ ਡਾ: ਮਨਸੁਖ ਮਾਂਡਵਿਆ ਨੇ ਇਕ ਸੋਸ਼ਲ ਮੀਡੀਆ ਪੋਸਟ ਵਿਚ ਕਿਹਾ ਕਿ ਪਹਿਲਾਂ ਸਾਲਾਨਾ ਸਿਰਫ 9 ਲੱਖ ਯੂਨਿਟ ਖ਼ੂਨ ਇਕੱਠਾ ਹੁੰਦਾ ਸੀ।

ਉਨ੍ਹਾਂ, ਸਮੂਹ ਖ਼ੂਨਦਾਨੀਆਂ ਦਾ ਮਨੁੱਖਤਾ ਦੀ ਸੇਵਾ ਲਈ ਧੰਨਵਾਦ ਕੀਤਾ।

---

BJP ਪੰਜਾਬ ਦੇ ਸੂਬਾ ਜਨਰਲ ਸਕੱਤਰ ਰਾਕੇਸ਼ ਰਾਠੌਰ ਨੇ, ਪਠਾਨਕੋਟ ਦੇ ਪਾਰਟੀ ਆਗੂ ਸਵਰਨ ਸਿੰਘ ਸਲਾਰੀਆ ਨੂੰ ਪਾਰਟੀ ਦਾ ਅਨੁਸ਼ਾਸਨ ਤੋੜਨ ਅਤੇ ਪਾਰਟੀ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੇ ਦੋਸ਼ ਵਿੱਚ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਏ।

ਪਾਰਟੀ ਦੇ ਇਕ ਬੁਲਾਰੇ ਨੇ ਦੱਸਿਆ ਕਿ ਉਨ੍ਹਾਂ ਨੂੰ 7 ਦਿਨਾਂ ਵਿੱਚ ਆਪਣਾ ਜਵਾਬ ਦੇਣ ਲਈ ਕਿਹਾ ਗਿਆ ਏ।

-----------------------------------------------------------------

ਪਟਿਆਲਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਐਸ.ਡੀ.ਐਮ. ਪਟਿਆਲਾ ਡਾ. ਇਸਮਤ ਵਿਜੈ ਸਿੰਘ ਨੇ, ਬਲਾਕ ਪਟਿਆਲਾ ਦੇ ਪਿੰਡ ਫ਼ਤਿਹਪੁਰ, ਇੰਦਰਪੁਰਾ, ਅਬਲੋਵਾਲ, ਫਰੀਦਪੁਰ ਅਤੇ ਪਹਾੜਪੁਰ ਵਿਖੇ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਅਤੇ ਅੱਗ ਦੀਆਂ ਘਟਨਾਵਾਂ ਰੋਕਣ ਲਈ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਦੌਰਾ ਕੀਤਾ।

ਉਹਨਾਂ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ ਪਿੰਡ ਇੰਦਰਪੁਰਾ ਦੇ ਕਿਸਾਨ ਜਗਰੂਪ ਸਿੰਘ ਤੇ ਪਿੰਡ ਫਰੀਦਪੁਰ ਦੇ ਜਗਮੇਲ ਸਿੰਘ ਨੂੰ ਸਨਮਾਨਿਤ ਕੀਤਾ ਅਤੇ ਹੋਰ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਪ੍ਰਸ਼ਾਸਨ ਵੱਲੋਂ ਤਿਆਰ ਚੈਟਬੋਟ ਰਾਹੀਂ ਪਰਾਲੀ ਨੂੰ ਖੇਤਾਂ ਵਿਚ ਮਿਲਾਉਣ ਜਾਂ ਗੱਠਾ ਬਣਾਉਣ ਲਈ ਮਸ਼ੀਨਰੀ ਦੀ ਮੰਗ ਕਰਨ ਤਾਂ ਜੋ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ। ਉਨ੍ਹਾਂ, ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ 'ਇੰਨ ਸੀਟੂ' ਅਤੇ 'ਐਕਸ ਸੀਟੂ' ਤਕਨੀਕਾਂ ਅਪਣਾਉਣ ਦੀ ਅਪੀਲ ਕੀਤੀ।

-----------------------------------------------------------------

ਮੋਗਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਬਲਾਕ ਨਿਹਾਲ ਸਿੰਘ ਵਾਲਾ ਵਿਖੇ ਰੱਖੇ ਗਏ 'ਸੰਕਲਪ ਸਪਤਾਹ' ਦੇ ਸਮਾਪਤੀ ਸਮਗਮ ਨੂੰ ਸੰਬੋਧਨ ਕਰਦਿਆਂ, ਕਿਹਾ ਕਿ ਭਾਰਤ ਸਰਕਾਰ ਨੇ ਬਲਾਕ ਨਿਹਾਲ ਸਿੰਘ ਵਾਲਾ ਨੂੰ

ਆਸਵੰਦ ਬਲਾਕ ਐਲਾਨਿਆ ਏ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਯਤਨਾ ਸਦਕਾ ਛੇਤੀ ਹੀ ਇਸ ਬਲਾਕ ਨੂੰ ਆਸਵੰਦ ਤੋਂ ਪ੍ਰੇਰਣਾਦਾਇਕ ਬਣਾਇਆ ਜਾਵੇਗਾ।

ਉਨ੍ਹਾਂ ਕਿਸਾਨਾਂ ਨੂੰ ਅੱਗ ਲੱਗਣ ਤੋਂ ਪਰਹੇਜ਼ ਕਰਨ ਲਈ ਪ੍ਰੇਰਦਿਆਂ ਕਿਹਾ ਕਿ ਇਸ ਵਾਰ ਕਿਸਾਨ ਪਰਾਲੀ ਨੂੰ ਅੱਗ ਨਾ ਲਗਾਉਣ ਦਾ ਪ੍ਰਣ ਲੈ ਕੇ ਵਾਤਾਵਰਨ ਸ਼ੁੱਧਤਾ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਉਣ। ਸੂਬਾ ਸਰਕਾਰ ਦੇ ਵੱਖ-ਵੱਖ ਵਿਭਾਗਾਂ ਨੇ ਆਪੋ-ਆਪਣੇ ਵਿਭਾਗ ਨਾਲ ਸਬੰਧਤ ਯੋਜਨਾ ਪ੍ਰਤੀ ਕਿਸਾਨਾਂ ਨੂੰ ਜਾਗਰੂਕ ਕੀਤਾ । ਇਸ ਮੌਕੇ 'ਮੇਰੀ ਮਾਟੀ-ਮੇਰਾ ਦੇਸ਼' ਤਹਿਤ 2 ਸੁਤੰਤਰਤਾ ਸੈਨਾਨੀਆਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ।

-----------------------------------------------------------------

ਬਰਨਾਲਾ ਜ਼ਿਲ੍ਹੇ ਵਿੱਚ ਸਿਹਤ ਵਿਭਾਗ ਨੇ ਸਿਫਰ ਤੋਂ 5 ਸਾਲ ਤੱਕ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਵਿੱਚ ਟੀਕਾਕਰਨ ਦੇ ਰਹਿੰਦੇ ਪਾੜੇ ਨੂੰ ਪੂਰਨ ਲਈ ਅੱਜ ਤੋਂ 14 ਅਕਤੂਬਰ ਤੱਕ ਇਕ ਵਿਸ਼ੇਸ਼ ਟੀਕਾਕਰਨ ਮੁਹਿੰਮ ਸ਼ੁਰੂ ਕੀਤੀ ਏ।

ਸਿਵਲ ਸਰਜਨ ਡਾ. ਜਸਬੀਰ ਸਿੰਘ ਔਲਖ ਨੇ ਦੱਸਿਆ ਕਿ ਇਸ ਦਾ ਮੁੱਖ ਮੰਤਵ ਬੱਚਿਆਂ ਤੇ ਗਰਭਵਤੀ ਔਰਤਾਂ ਦੀ ਮੌਤ ਦਰ ਨੂੰ ਘੱਟ ਕਰਨਾ ਅਤੇ ਹੋਰ ਮਾਰੂ ਬਿਮਾਰੀਆਂ ਤੋਂ ਬਚਾਉਣਾ ਏ । ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਗੁਰਬਿੰਦਰ ਕੌਰ ਨੇ ਦੱਸਿਆ ਕਿ ਮਿਸ਼ਨ ਇੰਦਰਧਨੁਸ਼ ਤਹਿਤ, ਜ਼ਿਲੇ ਵਿਚ ਤਿੰਨ ਗੇੜਾਂ ਵਿੱਚ ਟੀਕਾਕਰਨ ਕੀਤਾ ਜਾਵੇਗਾ।

-----------------------------------------------------------------

ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਹਾਈ ਰਿਸਕ ਗਰਭਵਤੀ ਔਰਤਾਂ ਨੂੰ ਸਮੇਂ ਤੋਂ ਪਹਿਲਾਂ ਪਹਿਚਾਨਣ ਅਤੇ ਸਮਾ ਰਹਿੰਦਿਆਂ ਇਲਾਜ ਕਰਨ ਦੇ ਮੰਤਵ ਨਾਲ ਹਰ ਮਹੀਨੇ ਦੀ 9 ਅਤੇ 23 ਤਰੀਕ ਨੂੰ "ਪ੍ਰਧਾਨ ਮੰਤਰੀ ਮਾਤ੍ਰੀਤਵ ਸੁਰੱਖਿਅਤ ਅਭਿਆਨ" ਮਨਾਉਂਦਾ ਏ ਤਾਂ ਜੋ ਜੱਚਾ ਬੱਚਾ ਦੀ ਮੌਤ ਦਰ ਨੂੰ ਘਟਾਇਆ ਜਾ ਸਕੇ।

ਇਸ ਕੜੀ ਤਹਿਤ ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ. ਦਵਿੰਦਰਜੀਤ ਕੌਰ ਦੀ ਅਗਵਾਈ ਵਿਚ ਜਿਲ੍ਹੇ ਦੀਆਂ ਸਿਹਤ ਸੰਸਥਾਵਾਂ ਵਿੱਚ "ਪ੍ਰਧਾਨ ਮੰਤਰੀ ਮਾਤ੍ਰੀਤਵ ਸੁਰੱਖਿਅਤ ਅਭਿਆਨ" ਤਹਿਤ ਗਰਭਵਤੀਆਂ ਦਾ ਵਿਸ਼ੇਸ਼ ਮੈਡੀਕਲ ਚੈਕਅੱਪ ਕਰਕੇ ਉਹਨਾ ਨੂੰ ਸਿਹਤ ਸਬੰਧੀ ਜਾਗਰੂਕ ਕੀਤਾ ਗਿਆ।

ਡਾ. ਦਵਿੰਦਰਜੀਤ ਕੌਰ ਨੇ ਗਰਭਵਤੀ ਔਰਤਾਂ ਨੂੰ ਸਰਕਾਰੀ ਹਸਪਤਾਲ ਵਿਚ ਮਿਲ ਰਹੀਆਂ ਸਿਹਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਪਣਾ ਜਣੇਪਾ ਸਰਕਾਰੀ ਸੰਸਥਾਂ ਵਿਚ ਹੀ ਕਰਵਾਉਣ ਦੀ ਅਪੀਲ ਕੀਤੀ।

---------------------------------------------------------------

ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਬੀਤੀ ਰਾਤ ਤੇਜ਼ ਹਵਾਵਾਂ ਨਾਲ ਮੀਂਹ ਪਿਆ ਏ। ਜਲੰਧਰ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਅੱਧੀ ਰਾਤ ਦੇ ਕਰੀਬ ਮੌਸਮ ਬਾਦਲ ਗਿਆ ਤੇ ਕਾਫੀ ਦੇਰ ਤੱਕ ਜ਼ੋਰਦਾਰ ਮੀਂਹ ਪਿਆ। ਹਵਾ ਨਾਲ ਕਈ ਥਾਂਈਂ ਸੜਕਾਂ ਤੇ ਬੋਰਡ ਉਖੜ ਗਏ ਅਤੇ ਬਿਜਲੀ ਗੁੱਲ ਹੋ ਗਈ।

ਇਸ ਤੋਂ ਇਲਾਵਾ ਹੁਸ਼ਿਆਰਪੁਰ, ਪਟਿਆਲਾ ਅਤੇ ਮੋਗਾ ਜ਼ਿਲ੍ਹਿਆਂ ਤੋਂ ਵੀ ਮੀਂਹ ਪੈਣ ਦੀਆਂ ਖਬਰਾਂ ਮਿਲੀਆਂ ਨੇ। ਇਸ ਮੀਂਹ ਨਾਲ ਤਾਪਮਾਨ ਵਿੱਚ ਵੀ ਘਟੋ ਘਟ 4 ਡਿਗਰੀ ਸੈਲਸੀਅਸ ਤੱਕ ਦੀ ਗਿਰਾਵਟ ਦਰਜ ਕੀਤੀ ਗਈ ਏ।

-----------------------------------------------------------------

ਭਾਰਤੀ ਸਿਕਸ਼ਣ ਮੰਡਲ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ, ਪੰਜਾਬ ਇਕਾਈ ਦਾ ਪਹਿਲਾ ਸੈਸ਼ਨ ਆਯੋਜਿਤ ਕੀਤਾ ਗਿਆ। ਇਸ ਸੈਸ਼ਨ 'ਚ ਮੰਡਲ ਦੀ ਪੰਜਾਬ ਇਕਾਈ ਦੀ ਕਾਰਜ-ਕਾਰਨੀ ਦਾ ਗਠਨ ਕੀਤਾ ਗਿਆ, ਜਿਸ ਦੇ ਪ੍ਰਧਾਨ ਆਈ. ਆਈ. ਟੀ. ਰੋਪੜ ਦੇ ਡਾਇਰੈਕਟਰ ਪ੍ਰੋਫੈਸਰ ਰਾਜੀਵ ਆਹੂਜਾ ਅਤੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਿਸਟੀ ਦੇ ਪ੍ਰੋਫੈਸਰ ਮਨਜੀਤ ਬੰਸਲ ਨੂੰ ਮੰਤਰੀ ਵਜੋਂ ਨਿਯੁਕਤ ਕੀਤਾ ਗਿਆ।

ਇਸ ਮੌਕੇ ਪੰਜਾਬ ਕੇਂਦਰੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਰਾਘਵੇਂਦਰ ਪ੍ਰਸਾਦ ਤਿਵਾਰੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਸੰਗਠਨ ਲਈ ਕਾਰਜਕਰਤਾ ਦੀ ਭੂਮਿਕਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਪ੍ਰਾਚੀਨ ਸਮੇਂ 'ਚ ਗੁਰਕੁਲਾਂ ਵਿੱਚ ਪੜ੍ਹਾਉਣ ਦੇ ਨਾਲ-ਨਾਲ ਜੀਵਨ ਜਾਚ ਵੀ ਸਿਖਾਈ ਜਾਂਦੀ ਸੀ। ਇਸੇ ਤਰ੍ਹਾਂ ਸੰਗਠਨ ਦੇ ਵਿਕਾਸ ਲਈ ਕਾਰਜਕਰਤਾ ਨੂੰ ਵੱਖੋ-ਵੱਖ ਕਾਰਜਾਂ ਪ੍ਰਤੀ ਸੂਚੇਤ ਹੋਣਾ ਚਾਹੀਦੈ।

ਉਨ੍ਹਾਂ ਸੱਚੇ ਕਾਰਜਕਰਤਾ ਨੂੰ ਦੇਸ਼ ਦੀ ਉੱਨਤੀ ਲਈ ਸਰਗਰਮ ਰਹਿਣ ਅਤੇ ਆਪਣੀ ਜਿੰਮੇਵਾਰੀ ਨੂੰ ਸਮਝਦੇ ਹੋਏ ਨਿਰੰਤਰ ਕੰਮ ਕਰਦੇ ਰਹਿਣ ਦਾ ਸੱਦਾ ਦਿੱਤਾ।

ਇਸ ਮੌਕੇ ਤਕਨੀਕੀ ਅਧਿਆਪਕ ਸਿਖਲਾਈ ਅਤੇ ਖੋਜ ਬਾਰੇ ਕੌਮੀ ਸੰਸਥਾ  ਦੇ ਡਾਇਰੈਕਟਰ ਪ੍ਰੋਫੈਸਰ ਭੋਲਾ ਰਾਮ ਗੁੱਜਰ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਵਾਈਸ ਚਾਂਸਲਰ ਡਾ. ਰੇਨੂ ਵਿਗ ਸਮੇਤ ਸਿੱਖਿਆ ਖੇਤਰ ਨਾਲ ਜੁੜੇ ਹੋਰ ਪਤਵੰਤੇ ਵੀ ਮੌਜੂਦ ਰਹੇ।

ਭਾਰਤੀ ਸਿਕਸ਼ਣ ਮੰਡਲ ਚੰਡੀਗੜ੍ਹ ਦੇ ਮੰਤਰੀ ਡਾ. ਅਰਵਿੰਦ ਕੁਮਾਰ ਦਿਵੇਦੀ ਨੇ ਮੰਚ ਦਾ ਸੰਚਾਲਨ ਕੀਤਾ।